# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 06-03-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉੱਤਰਕਾਸ਼ੀ ਦੇ ਹਰਸੀਲ ਵਿਖੇ ਇੱਕ ਜਨ ਸਭਾ ਨੂੰ ਸੰਬੋਧਨ ਕਰਦਿਆਂ  ਉੱਤਰਾਖੰਡ ਨੂੰ ਸਾਲ ਭਰ, ਸੈਰ-ਸਪਾਟੇ ਦਾ ਕੇਂਦਰ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ।
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਲੋਕਾਂ ਨੂੰ ਨਸ਼ਿਆਂ ਖਿਲਾਫ ਮੁਹਿੰਮ ਵਿੱਚ ਸਰਗਰਮ ਹਿੱਸੇਦਾਰ ਬਣਨ ਦਾ ਸੱਦਾ ।
- ਕੈਬਿਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੰਮ੍ਰਿਤਸਰ ਜ਼ਿਲੇ ਦੇ ਗੜ੍ਹੇਮਾਰੀ ਨਾਲ ਪ੍ਰਭਾਵਿਤ ਹੋਏ ਪਿੰਡਾਂ ਵਿੱਚ ਫਸਲਾਂ ਦੇ ਨੁਕਸਾਨ ਦਾ ਜਾਇਜ਼ਾ ਲਿਆ ਨੁਕਸਾਨੀਆਂ ਫਸਲਾਂ ਦਾ ਮੁਆਵਜਾ ਛੇਤੀ ਦੇਣ ਦਾ ਕੀਤਾ ਐਲਾਨ ।

- ਦੋ ਦਿਨਾਂ 10ਵੀਂ ਚੰਡੀਗੜ੍ਹ ਸੋਸ਼ਲ ਸਾਇੰਸ ਕਾਂਗਰਸ (CHASSCONG-2025) ਅੱਜ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਹੋਈ ਸ਼ੁਰੂ ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉੱਤਰਾਖੰਡ ਨੂੰ ਸਾਲ ਭਰ, ਸੈਰ-ਸਪਾਟੇ ਦਾ ਕੇਂਦਰ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਏ। ਅੱਜ ਉੱਤਰਕਾਸ਼ੀ ਦੇ ਹਰਸੀਲ ਵਿਖੇ ਇੱਕ ਜਨ ਸਭਾ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਸੂਬੇ ਵਿੱਚ ਸਰਦ ਰੁੱਤ ਸੈਰ ਸਪਾਟੇ ਦੀ ਮਹੱਤਤਾ ਦਾ ਜ਼ਿਕਰ ਕਰਦਿਆਂ ਕਿਹਾ ਕਿ, ਹੁਣ ਸੂਬੇ ਵਿੱਚ ਸਾਰਾ ਸਾਲ ਸੈਰ ਸਪਾਟੇ ਦਾ ਸੀਜ਼ਨ ਰਹੇਗਾ।

**BYTE:**

ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਦੀਆਂ ਦੌਰਾਨ ਸੂਬੇ ਦੀ ਕੁਦਰਤੀ ਸੁੰਦਰਤਾ ਸਿਖਰ 'ਤੇ ਹੁੰਦੀ ਏ ਪਰ ਇਸ  ਇਸ ਸਮੇਂ ਹੋਟਲ ਅਤੇ ਹੋਮ ਸਟੇਅ ਖਾਲੀ ਰਹਿੰਦੇ ਨੇ। ਇਸ ਸਥਿਤੀ ਨੂੰ ਬਦਲਣ ਦੀ ਲੋੜ ਏ.।

ਸੂਬੇ ਵਿੱਚ ਸੈਰ-ਸਪਾਟੇ ਨਾਲ ਸਬੰਧਤ ਬੁਨਿਆਦੀ ਢਾਂਚੇ ਦੇ ਵਿਕਾਸ ਦਾ ਜ਼ਿਕਰ ਕਰਦੇ ਹੋਏ, ਸ਼੍ਰੀ ਮੋਦੀ ਨੇ ਚਾਰਧਾਮ ਰੋਡ ਪ੍ਰੋਜੈਕਟ ਅਤੇ ਰੋਪਵੇਅ ਪ੍ਰੋਜੈਕਟਾਂ ਦਾ ਜ਼ਿਕਰ ਕੀਤਾ। ਉਨ੍ਹਾਂ ਨੇ ਉਮੀਦ ਪ੍ਰਗਟਾਈ ਕਿ ਗੌਰੀਕੁੰਡ-ਕੇਦਾਰਨਾਥ ਅਤੇ ਗੋਵਿੰਦਘਾਟ-ਹੇਮਕੁੰਟ ਰੋਪਵੇਅ ਪ੍ਰੋਜੈਕਟ ਯਾਤਰੀਆਂ ਨੂੰ ਵੱਡੀ ਸਹੂਲਤ ਪ੍ਰਦਾਨ ਕਰਨਗੇ। ਪ੍ਰਧਾਨ ਮੰਤਰੀ ਨੇ ਵਿਆਹ ਸਮਾਰੋਹਾਂ ਲਈ ਉਤਰਾਖੰਡ ਨੂੰ ਇੱਕ ਆਕਰਸ਼ਕ ਰਾਜ ਵਜੋਂ ਪੇਸ਼ ਕਰਨ 'ਤੇ ਵੀ ਜ਼ੋਰ ਦਿੱਤਾ। ਇਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨੇ ਮੁਖਬਾ ਪਿੰਡ ਵਿੱਚ ਦੇਵੀ ਗੰਗਾ ਦੇ ਸਰਦੀਆਂ ਦੇ ਨਿਵਾਸ ਸਥਾਨ ਵਿੱਚ ਪੂਜਾ ਕੀਤੀ। ਇੱਥੇ ਉਨ੍ਹਾਂ ਦਾ ਰਵਾਇਤੀ ਢੰਗ ਨਾਲ ਸਵਾਗਤ ਕੀਤਾ ਗਿਆ। ਪ੍ਰਧਾਨ ਮੰਤਰੀ ਨੇ ਟ੍ਰੈਕਿੰਗ ਅਤੇ ਬਾਈਕਿੰਗ ਰੈਲੀਆਂ ਨੂੰ ਵੀ ਝੰਡੀ ਦਿਖਾ ਕੇ ਰਵਾਨਾ ਕੀਤਾ। ਬਾਅਦ ਵਿੱਚ, ਪ੍ਰਧਾਨ ਮੰਤਰੀ ਦੇਹਰਾਦੂਨ ਹੁੰਦੇ ਹੋਏ, ਦਿੱਲੀ ਲਈ ਰਵਾਨਾ ਹੋ ਗਏ।

---------------------------------------------------

ਭਾਰਤ ਲੰਮੇ ਸਮੇਂ ਤੋਂ ਸਾਫਟਵੇਅਰ ਵਿਕਾਸ ਵਿੱਚ ਇੱਕ ਆਲਮੀ ਆਗੂ ਰਿਹਾ ਏ, ਪਰ ਹੁਣ, ਦੇਸ਼ ਹਾਰਡਵੇਅਰ ਨਿਰਮਾਣ ਵਿੱਚ ਵੀ ਤੇਜ਼ੀ ਨਾਲ

ਤਰੱਕੀ ਕਰ ਰਿਹਾ ਏ। ਨਿਰਮਾਣ ਅਧੀਨ ਪੰਜ ਸੈਮੀ-ਕੰਡਕਟਰ ਪਲਾਂਟਾਂ ਨਾਲ, ਭਾਰਤ ਆਲਮੀ ਇਲੈਕਟ੍ਰੋਨਿਕਸ ਸੈਕਟਰ ਵਿੱਚ ਆਪਣੀ ਸਥਿਤੀ ਮਜ਼ਬੂਤ ਕਰ ਰਿਹਾ ਏ । ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਵੱਲੋਂ ਇੱਕ ਰਾਸ਼ਟਰੀ ਅਖਬਾਰ ਵਿੱਚ ਲਿਖੇ ਇੱਕ ਲੇਖ ਵਿੱਚ, ਮੰਤਰੀ ਨੇ ਕਿਹਾ ਕਿ, ਦੇਸ਼ ਜਲਦੀ ਹੀ ਇਸ ਸਾਲ ਭਾਰਤ ਦੀ ਪਹਿਲੀ ਮੇਕ ਇਨ ਇੰਡੀਆ ਸੈਮੀ-ਕੰਡਕਟਰ ਚਿੱਪ ਦੇ ਜਾਰੀ ਹੋਣ ਨਾਲ, ਇੱਕ ਵੱਡਾ ਮੀਲ ਪੱਥਰ ਹਾਸਿਲ ਕਰ ਲਵੇਗਾ। ਡਿਜੀਟਲ ਅਤੇ ਇਲੈਕਟ੍ਰਾਨਿਕਸ ਖੇਤਰ ਵਿੱਚ ਦੇਸ਼ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਤਕਨਾਲੋਜੀ ਅਤੇ ਕਾਢਾਂ ਹੁਣ ਲੈਬਾਂ ਤੱਕ ਸੀਮਤ ਨਹੀਂ ਹਨ, ਸਗੋਂ ਨਾਗਰਿਕਾਂ ਦੇ ਜੀਵਨ ਨੂੰ ਬਦਲ ਰਹੀਆਂ ਨੇ। ਇਸ ਵਿੱਚ ਦੇਸ਼ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਵੱਡੇ ਭਾਸ਼ਾ ਮਾਡਲ ਸ਼ਾਮਲ ਨੇ। ਮੰਤਰੀ ਨੇ ਕਿਹਾ ਕਿ ਦੇਸ਼, ਡਿਜੀਟਲ ਜਨਤਕ ਬੁਨਿਆਦੀ ਢਾਂਚੇ (DPI), ਆਰਟੀਫੀਸ਼ੀਅਲ ਇੰਟੈਲੀਜੈਂਸ, ਸੈਮੀ-ਕੰਡਕਟਰਾਂ ਅਤੇ ਇਲੈਕਟ੍ਰਾਨਿਕਸ ਨਿਰਮਾਣ 'ਤੇ ਜ਼ੋਰ ਦੇ ਕੇ ਆਪਣਾ ਡਿਜੀਟਲ ਭਵਿੱਖ ਤਿਆਰ ਕਰ ਰਿਹਾ ਏ ।

ਸਰਕਾਰ AI ਮਾਡਲਾਂ ਨੂੰ ਲੈ ਕੇ ਪੱਖਪਾਤ ਨੂੰ ਘਟਾਉਣ ਅਤੇ ਸਟੀਕਤਾ ਵਧਾਉਣ ਲਈ ਵੱਡੇ ਪੱਧਰ 'ਤੇ ਗੈਰ-ਨਿੱਜੀ ਤੌਰ 'ਤੇ ਡੇਟਾਸੈਟਾਂ 'ਤੇ ਕੰਮ ਕਰ ਰਹੀ ਏ। ਇਹ ਡਾਟਾਸੈੱਟ ਖੇਤੀਬਾੜੀ, ਮੌਸਮ ਦੀ ਪੇਸ਼ੀਨਗੋਈ ਅਤੇ ਆਵਾਜਾਈ ਪ੍ਰਬੰਧਨ ਵਰਗੇ ਅਹਿਮ ਖੇਤਰਾਂ ਵਿੱਚ AI-ਸੰਚਾਲਿਤ ਹੱਲਾਂ ਨੂੰ ਸ਼ਕਤੀ ਪ੍ਰਦਾਨ ਕਰਨਗੇ। ਦੇਸ਼ ਨੂੰ AI ਖੋਜ ਵਿੱਚ ਸਭ ਤੋਂ ਅੱਗੇ ਰੱਖਣ ਅਤੇ ਬੁਨਿਆਦੀ AI ਮਾਡਲਾਂ ਨੂੰ ਵਿਕਸਤ ਕਰਨ ਲਈ, ਕਈ ਕੇਂਦਰਾਂ ਦੀ ਸਥਾਪਨਾ ਕੀਤੀ ਗਈ ਏ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਸਰਗਰਮ ਹਿੱਸੇਦਾਰ ਬਣਨ ਦਾ ਸੱਦਾ ਦਿੱਤਾ ਤਾਂ ਜੋ ਸੂਬੇ ਵਿੱਚੋਂ ਇਸ ਅਲਾਮਤ ਦਾ ਪੂਰੀ ਤਰ੍ਹਾਂ ਸਫ਼ਾਇਆ ਕੀਤਾ ਜਾ ਸਕੇ। ਸਿਟੀ ਸਰਵੀਲੈਂਸ ਅਤੇ ਮੈਨੇਜਮੈਂਟ ਸਿਸਟਮ ਦੀ ਮੋਹਾਲੀ ਵਿਚ ਸ਼ੁਰੂਆਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਿਆਂ ਖਿਲਾਫ ਵੱਡੀ ਕਾਰਵਾਈ ਸ਼ੁਰੂ ਕੀਤੀ ਏ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਪਲਾਈ ਲਾਈਨ ਤੋੜਨ, ਨਸ਼ਾ

ਤਸਕਰਾਂ ਨੂੰ ਸਲਾਖਾਂ ਪਿੱਛੇ ਡੱਕਣ ਅਤੇ ਨਸ਼ਾ ਪੀੜਤਾਂ ਦਾ ਮੁੜ ਵਸੇਬਾ ਯਕੀਨੀ ਬਣਾਉਣ ਲਈ ਇਹ ਸੁਚੱਜੀ ਯੋਜਨਾਬੱਧ ਮੁਹਿੰਮ ਚਲਾਈ ਗਈ ਏ। ਭਗਵੰਤ ਸਿੰਘ ਮਾਨ ਨੇ ਨਸ਼ਾ ਵਿਰੋਧੀ ਮੁਹਿੰਮ ਨੂੰ ਭਰਵਾਂ ਹੁੰਗਾਰਾ ਦੇਣ ਲਈ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਜੰਗ ਲੋਕਾਂ ਦੇ ਸਰਗਰਮ ਸਹਿਯੋਗ ਤੋਂ ਬਿਨਾਂ ਜਿੱਤੀ ਨਹੀਂ ਜਾ ਸਕਦੀ। ਮੁੱਖ ਮੰਤਰੀ ਨੇ ਲੋਕਾਂ ਨੂੰ ਨਸ਼ਿਆਂ ਦੀ ਤਸਕਰੀ ਦੇ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਸਾਂਝੀ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਉਨ੍ਹਾਂ ਵਿਰੁੱਧ ਮਿਸਾਲੀ ਕਾਰਵਾਈ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਦੇ ਹਿੱਸੇ ਵਜੋਂ ਡਰੱਗ ਮਨੀ ਰਾਹੀਂ ਹਾਸਲ ਕੀਤੀਆਂ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਨੂੰ ਢਾਹਿਆ ਅਤੇ ਜ਼ਬਤ ਕੀਤਾ ਜਾ ਰਿਹਾ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਮੁਹਿੰਮ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਸੂਬੇ ਵਿੱਚ ਇਸ ਦਾ ਇੱਕ ਕਿਣਕਾ ਵੀ ਮੌਜੂਦ ਏ।

---------------------------------------------------------

ਯੁੱਧ ਨਸ਼ਿਆਂ ਵਿਰੁੱਧ ਦੇ ਤਹਿਤ ਬਣੀ ਸਬ ਕਮੇਟੀ ਦੇ ਮੈਂਬਰ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਏ ਨਸ਼ਾ ਮੁਕਤ ਤੇ ਰੰਗਲਾ ਪੰਜਾਬ ਸਿਰਜਣਾ ਸਾਡੀ ਸਭ ਦੀ ਸਾਂਝੀ ਜਿੰਮੇਵਾਰੀ ਏ । ਕੈਬਨਿਟ ਮੰਤਰੀ ਨੇ ਅੱਜ ਫਾਜ਼ਿਲਕਾ 'ਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਨਿਰਦੇਸ਼ ਦਿੱਤੇ ਕਿ ਨਸ਼ਿਆਂ ਖਿਲਾਫ ਹਰੇਕ ਵਿਭਾਗ ਆਪਣੀ ਬਣਦੀ ਭੂਮਿਕਾ ਤਨਦੇਹੀ ਨਾਲ ਨਿਭਾਏ ਉਹਨਾਂ ਕਿਹਾ ਕਿ ਇਸ ਮੁਹਿੰਮ ਵਿੱਚ ਸਰਪੰਚਾਂ ਅਤੇ ਨਗਰ ਕੌਂਸਲਾਂ ਦੀ ਮਹੱਤਵਪੂਰਨ ਭੂਮਿਕਾ ਏ ਅਤੇ ਉਹ ਪਿੰਡਾਂ ਵਿੱਚ ਗ੍ਰਾਮ ਸਭਾ ਦੇ ਇਜਲਾਸ ਬੁਲਾ ਕੇ ਨਸ਼ਾ ਤਸਕਰਾਂ ਦਾ ਬਾਈਕਾਟ ਕਰਨ ਅਤੇ ਇਹ ਵੀ ਮਤੇ ਪਾਏ ਜਾਣ ਕਿ ਜੇਕਰ ਕੋਈ ਕਿਸੇ ਨਸ਼ਾ ਤਸਕਰ ਦੀ ਜਮਾਨਤ ਵੀ ਦੇਵੇਗਾ ਤਾਂ ਉਸ ਦਾ ਵੀ ਬਾਈਕਾਟ ਕੀਤਾ ਜਾਵੇਗਾ ।

---------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਡੇਰਾਬਸੀ ਵਿਖੇ ਸ੍ਰੀ ਸੁਖਮਨੀ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਰਿਸਰਚ ਦਾ ਨੀਂਹ

ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੀ ਗਾਰੰਟੀ ਨੂੰ ਸਫਲਤਾ ਨਾਲ ਪੂਰਾ ਕੀਤਾ ਜਾ ਰਿਹਾ ਏ ਤਾਂ ਕਿ ਕੋਈ ਵੀ ਪੰਜਾਬੀ ਇਲਾਜ ਕਰਵਾਉਣ ਤੋਂ ਵਾਂਝਾ ਨਾ ਰਹੇ। ਓਹਨਾ ਕਿਹਾ ਕਿ ਸਿਹਤ ਸੰਭਾਲ ਕਿਸੇ ਵੀ ਖੁਸ਼ਹਾਲ ਸਮਾਜ ਦੀ ਰੀੜ੍ਹ ਹੁੰਦੀ ਏ ਅਤੇ ਸੂਬਾ ਸਰਕਾਰ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਉਨ੍ਹਾਂ ਕਿਹਾ ਕਿ ਬਿਹਤਰ ਮੈਡੀਕਲ ਸਿੱਖਿਆ ਪ੍ਰਣਾਲੀ ਇਹ ਯਕੀਨੀ ਬਣਾਉਂਦੀ ਏ ਕਿ ਅਸੀਂ ਨਾ ਸਿਰਫ਼ ਹੁਨਰਮੰਦ ਡਾਕਟਰ ਪੈਦਾ ਕਰੀਏ, ਸਗੋਂ ਇੱਕ ਮਜ਼ਬੂਤ ਸਿਹਤ ਸੰਭਾਲ ਵਾਤਾਵਰਣ ਪ੍ਰਣਾਲੀ ਵੀ ਸਿਰਜੀਏ ਤਾਂ ਜੋ ਲੋਕਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰ ਸਕੀਏ। ਮੁੱਖ ਮੰਤਰੀ ਨੇ ਦੱਸਿਆ ਕਿ ਸੂਬਾ ਸਰਕਾਰ ਵੱਖ-ਵੱਖ ਜ਼ਿਲ੍ਹਿਆਂ ਵਿੱਚ ਮੈਡੀਕਲ ਕਾਲਜ ਸਥਾਪਤ ਕਰ ਰਹੀ ਏ ਤਾਂ ਕਿ ਸਾਡੇ ਬੱਚੇ ਇੱਥੇ ਹੀ ਡਾਕਟਰੀ ਸਿੱਖਿਆ ਹਾਸਲ ਕਰਕੇ ਲੋਕਾਂ ਦੀ ਸੇਵਾ ਕਰ ਸਕਣ। ਡੇਰਾਬਸੀ ਵਿਖੇ ਬਣਨ ਵਾਲੇ ਇਸ ਮੈਡੀਕਲ ਕਾਲਜ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਮੋਹਾਲੀ ਜ਼ਿਲ੍ਹੇ ਵਿੱਚ ਇਹ ਦੂਜਾ ਮੈਡੀਕਲ ਕਾਲਜ ਹੋਵੇਗਾ। ਇਸ ਮੌਕੇ ਸ੍ਰੀ

ਸੁਖਮਨੀ ਇੰਸਟੀਚਿਊਟ ਵੱਲੋਂ ਕਰਵਾਏ ਜਾ ਰਹੇ ਪ੍ਰੋਗਰਾਮ ਲਮਹੇ- 2025 ਵਿੱਚ ਵੱਖ-ਵੱਖ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਸ਼ੁੱਭ ਕਾਮਨਾਵਾਂ ਦਿਤੀਆਂ।

---------------------------------------------------

ਪੰਜਾਬ ਦੇ ਕੈਬਿਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੰਮ੍ਰਿਤਸਰ ਜ਼ਿਲੇ ਦੇ ਰਾਜਾ ਸਾਂਸੀ ਨੇੜੇ ਪਿੰਡ ਝੰਜੋਟੀ ਵਿਖੇ ਗੜੇਮਾਰੀ ਨਾਲ ਪ੍ਰਭਾਵਿਤ ਹੋਏ ਪਿੰਡਾਂ ਵਿੱਚ ਫਸਲਾਂ ਦੇ ਨੁਕਸਾਨ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਨੁਕਸਾਨੀਆਂ ਗਈਆਂ ਫਸਲਾਂ ਦਾ ਮੁਆਵਜਾ ਛੇਤੀ ਦੇਣ ਦਾ ਐਲਾਨ ਕੀਤਾ। ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਅਗਲੀ ਫਸਲ ਦੀ ਬਜਾਈ ਲਈ ਮੱਕੀ ਅਤੇ ਮੂੰਗੀ ਦਾ ਬੀਜ ਸਬਸਿਡੀ ਉੱਤੇ ਦਿੱਤਾ ਜਾਵੇਗਾ। ਮੰਤਰੀ ਨੇ ਪਸ਼ੂਆਂ ਦੀ ਖੁਰਾਕ ਦਾ ਤੁਰੰਤ ਪ੍ਰਬੰਧ ਕਰਨ ਦੀ ਵੀ ਹਦਾਇਤ ਕੀਤੀ। ਉਹਨਾਂ ਦੱਸਿਆ ਕਿ ਕਰੀਬ 5 ਹਜਾਰ ਏਕੜ ਰਕਬੇ ਵਿੱਚ ਫਸਲਾਂ ਦਾ ਨੁਕਸਾਨ ਹੋਇਆ ਏ ਜਿਸ ਵਿੱਚੋਂ ਬਹੁਤੇ ਰਕਬੇ ਵਿੱਚ 100 ਫੀਸਦੀ ਨੁਕਸਾਨ ਹੋਣ ਦੀ ਹੀ ਰਿਪੋਰਟ ਏ। ਉਹਨਾਂ ਕਿਹਾ ਕਿ ਗਿਰਦਾਵਰੀ ਮੁਕੰਮਲ ਹੋ ਚੁੱਕੀ ਏ ਅਤੇ ਕੁਝ ਹੀ ਦਿਨਾਂ ਵਿੱਚ

ਇਹ ਮੁਆਵਜ਼ਾ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਪਾ ਦਿੱਤੋ ਜਾਵੇਗਾ। ਉਹਨਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ, ਕਿਸਾਨਾਂ ਮਜ਼ਦੂਰਾਂ ਅਤੇ ਅਧਿਕਾਰੀਆਂ ਨਾਲ ਸੰਪਰਕ ਵਿੱਚ ਨੇ।

---------------------------------------------------

ਪੰਜਾਬ ਦੇ ਬਹੁਤ ਸਾਰੇ ਨੌਜਵਾਨ ਕਿਸਾਨ ਫ਼ਸਲੀ ਚੱਕਰ ਤੋਂ ਹਟ ਕੇ, ਵੱਖ-ਵੱਖ ਕਿਤਿਆਂ ਨੂੰ ਅਪਣਾਉਂਦੇ ਹੋਏ ਚੰਗੀ ਆਮਦਨ ਕਰਕੇ, ਹੋਰਨਾਂ ਕਿਸਾਨਾਂ ਲਈ ਰਾਹ ਦਸੇਰੇ ਬਣੇ ਹੋਏ ਨੇ। ਇਸੇ ਤਰਾਂ ਦੀ ਮਿਸਾਲ ਗੁਰਦਾਸਪੁਰ ਦੇ ਨੌਜਵਾਨ ਕਿਸਾਨ ਕੌਸ਼ਲ ਸਿੰਘ ਨੇ ਕਾਇਮ ਕੀਤੀ ਏ।

***ਪੇਸ਼ ਏ ਇਕ ਰਿਪੋਰਟ :ਗੁਰਦਾਸਪੁਰ ਦੇ ਪਿੰਡ ਸਲੋਪੁਰ ਦੇ ਨੌਜਵਾਨ ਕਿਸਾਨ ਕੌਸ਼ਲ ਸਿੰਘ ਆਪਣੇ ਪਿੰਡ ਵਿਚ ਹੀ ਇੱਕ ਫੈਕਟਰੀ ਲਗਾ ਕੇ, ਦੇਸੀ ਗੁੜ ਤੋਂ 11 ਤਰਾਂ ਦੇ ਉਤਪਾਦ ਤਿਆਰ ਕਰਦੇ ਨੇ, ਜੋ ਕਿ ਦੇਸ਼ਾਂ ਵਿਦੇਸ਼ਾਂ ਵਿੱਚ ਵਿਕ ਰਹੇ ਨੇ। ਇਹ ਨੌਜਵਾਨ ਇਸਤੋਂ ਚੰਗੀ ਆਮਦਨ ਕਰ ਰਹੇ ਨੇ ਅਤੇ ਨਾਲੋਂ ਨਾਲ ਆਪਣੇ ਪਿੰਡ ਦੀਆਂ***

*ਮਹਿਲਾਵਾਂ ਅਤੇ ਨੌਜਵਾਨਾਂ ਨੂੰ ਵੀ ਰੁਜ਼ਗਾਰ ਦੇ ਰਹੇ ਨੇ। ਬਣਾਏ ਜਾ ਰਹੇ ਉਤਪਾਦਾਂ ਬਾਰੇ ਕੌਸ਼ਲ ਸਿੰਘ ਦਾ ਕਹਿਣਾ ਏ।*

*BYTE:*

*ਕੌਸ਼ਲ ਦੀ ਤਰਾਂ ਸੂਬੇ ਦੇ ਹੋਰ ਨੌਜਵਾਨ ਵੀ ਵੱਖਰੇ ਕਿੱਤੇ ਅਪਣਾ ਕੇ ਚੰਗੀ ਆਮਦਨ ਕਮਾ ਸਕਦੇ ਨੇ। ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ, ਮੈਂ ਕਾਜਲ।*

---------------------------------------------------

10ਵੀਂ ਚੰਡੀਗੜ੍ਹ ਸੋਸ਼ਲ ਸਾਇੰਸ ਕਾਂਗਰਸ (CHASSCONG-2025) ਅੱਜ ਪੰਜਾਬ ਯੂਨੀਵਰਸਿਟੀ ਦੇ ਇੰਗਲਿਸ਼ ਆਡੀਟੋਰੀਅਮ ਵਿਖੇ ਸ਼ੁਰੂ ਹੋਈ।

ਪੰਜਾਬ ਯੂਨੀਵਰਸਿਟੀ ਦੇ ਦੋ ਦਿਨਾਂ ਦੇ ਇਸ ਸਮਾਗਮ ਨੇ ਪ੍ਰਸਿੱਧ ਵਿਦਵਾਨਾਂ, ਖੋਜਕਰਤਾਵਾਂ ਅਤੇ ਸਿੱਖਿਆ ਸ਼ਾਸਤਰੀਆਂ ਨੂੰ ਉੱਤਰ-ਪੱਛਮੀ ਭਾਰਤ ਵਿੱਚ ਮਹੱਤਵਪੂਰਨ ਸਮਾਜਿਕ ਵਿਗਿਆਨ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਨ ਲਈ ਇਕੱਠਾ ਕੀਤਾ ਏ, ਜਿਸ ਵਿੱਚ

ਪਛਾਣ, ਖੇਤੀਬਾੜੀ ਅਰਥ-ਵਿਵਸਥਾ, ਲਿੰਗ ਅਤੇ ਮਨੁੱਖੀ ਵਿਕਾਸ ਵਰਗੇ ਵਿਸ਼ਿਆਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ । ਇਸ ਸਮਾਗਮ ਨੂੰ ਪੰਜਾਬ ਯੂਨੀਵਰਸਿਟੀ ਅਤੇ ਸਮਾਜਿਕ ਵਿਗਿਆਨ ਖੋਜ ਬਾਰੇ ਭਾਰਤੀ ਕੌਂਸਲ - ICSSR ਵਲੋਂ ਸਮਰਥਨ ਪ੍ਰਾਪਤ ਏ । ਆਪਣੇ ਉਦਘਾਟਨੀ ਭਾਸ਼ਣ ਵਿੱਚ, ਯੂਨੀਵਰਸਿਟੀਵਾਈਸ ਚਾਂਸਲਰ ਪ੍ਰੋ. ਰੇਣੂ ਵਿਗ ਨੇ ਸਮਕਾਲੀ ਚੁਣੌਤੀਆਂ ਨੂੰ ਹੱਲ ਕਰਨ ਵਿੱਚ ਸਮਾਜਿਕ ਵਿਗਿਆਨ ਖੋਜ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਸਮਾਜਿਕ ਵਿਗਿਆਨੀਆਂ ਨੂੰ ਖੇਤਰ ਦੇ ਵਿਕਾਸ ਸੰਬੰਧੀ ਚਿੰਤਾਵਾਂ ਨਾਲ ਜੁੜਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਅਤੇ ਖੇਤਰ ਵਿੱਚ ਜੀਵਨ ਦੀ ਗੁਣਵੱਤਾ ਨੂੰ ਬਿਹਤਰ ਬਣਾਉਣ ਦੇ ਨੀਤੀ ਅਤੇ ਸੱਭਿਆਚਾਰਕ ਪਹਿਲੂਆਂ ਦੋਵਾਂ ਵੱਲ ਧਿਆਨ ਖਿੱਚਿਆ। ਇਸ ਮੌਕੇ ਹੋਰਨਾਂ ਸ਼ਖਸੀਅਤਾਂ ਤੋਂ ਇਲਾਵਾ ਭਾਰਤੀ ਸੂਚਨਾ ਸੇਵਾ ਦੇ ਅਧਿਕਾਰੀ ਅਤੇ ਪੁਣੇ ਸਥਿਤ ਭਾਰਤੀ ਫਿਲਮ ਅਤੇ ਟੈਲੀਵਿਜ਼ਨ ਸੰਸਥਾਨ ਦੇ ਡਾਇਰੈਕਟਰ ਧੀਰਜ ਸਿੰਘ ਨੇ ਹਿੰਦੀ ਸਿਨੇਮਾ ਵਿਚ, ਉਤਰ ਪੱਛਮੀ ਭਾਰਤੀ ਸਭਿਚਾਰ ਨੂੰ ਦਰਸਾਉਣ ਬਾਰੇ ਵਿਸ਼ੇ ਤੇ

ਸੰਬੋਧਨ ਕੀਤਾ। ਇਹ ਸੋਸ਼ਲ ਸਾਇੰਸ ਕਾਂਗਰਸ ਕੱਲ ਤਕ ਜਾਰੀ ਰਹੇਗੀ।

-------------------------------------------------------

ਮੋਹਾਲੀ ਦੀ ਵਿਸ਼ੇਸ਼ ਸੀ.ਬੀ.ਆਈ ਅਦਾਲਤ ਨੇ 1993 ਦੇ ਤਰਨਤਾਰਨ ਵਿਚ ਹੋਏ ਦੋ ਨੌਜਵਾਨਾਂ ਦੇ ਫਰਜ਼ੀ ਪੁਲਿਸ ਮੁਕਾਬਲੇ ਵਿਚ ਦੋਸ਼ੀ ਸਾਬਕਾ DSP ਸੀਤਾ ਰਾਮ ਜੋ ਉਸ ਵੇਲੇ ਪੱਟੀ ਦੇ SHO ਸਨ ਨੂੰ ਉਮਰ ਕੈਦ ਦੀ ਸਜ਼ਾ ਅਤੇ 2 ਲੱਖ ਜੁਰਮਾਨਾ ਅਤੇ ਓਨਾ ਦੇ ਸਾਥੀ ਰਾਜਪਾਲ ਨੂੰ 5 ਸਾਲ ਦੀ ਕੈਦ ਅਤੇ 50 ਹਜ਼ਾਰ ਰੁਪਏ ਦਾ ਜੁਰਮਾਨਾ ਕੀਤਾ ਗਿਆ ਏ। ਜ਼ਿਕਰਯੋਗ ਏ ਕਿ ਕੁੱਲ 11 ਵਿਅਕਤੀਆਂ ਨੂੰ ਦੋਸ਼ੀ ਵਜੋਂ ਨਾਮਜ਼ਦ ਕੀਤਾ ਗਿਆ ਸੀ, ਪਰ 4 ਦੀ ਪਹਿਲਾਂ ਹੀ ਮੌਤ ਹੋ ਚੁੱਕੀ ਏ , ਬਾਕੀ 7 ਜਿਹੜੇ 3 ਮਾਰਚ ਨੂੰ ਅਦਾਲਤ ਵਿੱਚ ਪੇਸ਼ ਹੋਏ ਅਤੇ ਉਨ੍ਹਾਂ ਵਿੱਚੋਂ 5 ਨੂੰ ਸਬੂਤਾਂ ਦੀ ਘਾਟ ਕਾਰਨ ਛੱਡ ਦਿੱਤਾ ਗਿਆ ਅਤੇ ਇਨਾ ਦੋਨਾਂ ਨੂੰ ਦੋਸ਼ੀ ਠਹਿਰਾਇਆ ਗਿਆ ਸੀ।